eshtimes.com ਦੇਸ਼ ਪ੍ਰਦੇਸ਼ ਟਾਈਮਜ਼

ਖਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਪੰਜਾਬ ਕਲਾ ਪਰਿਸ਼ਦ ਵੱਲੋਂ ਕਰਵਾਏ ਗਏ 'ਪੰਜਾਬੀ ਸੱਭਿਆਚਾਰਕ ਕੁਇਜ਼' ਵਿੱਚ ਹਾਸਿਲ ਕੀਤਾ ਪਹਿਲਾ ਸਥਾਨ

ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਜੇਤੂ ਵਿਦਿਆਰਥੀਆਂ ਨੂੰ ਕੀਤਾ ਸਨਮਾਨਿਤ

ਸ੍ਰੀ ਅਨੰਦਪੁਰ ਸਾਹਿਬ 8 ਫਰਵਰੀ (ਜੋਗਿੰਦਰ ਰਾਣਾ) -ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਖੁਦਮੁਖਤਿਆਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀਆਂ ਨੇ ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਵੱਲੋਂ ਕਰਵਾਏ ਗਏ 'ਪੰਜਾਬੀ ਸੱਭਿਆਚਾਰਕ ਕੁਇਜ' ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਕਾਲਜ ਦੀ ਸ਼ਾਨ ਵਿੱਚ ਵਾਧਾ ਕੀਤਾ ਹੈ ਜਿਕਰਯੋਗ ਹੈ ਕਿ ਇਸ ਕੁਇਜ ਮੁਕਾਬਲੇ ਵਿੱਚ ਪੰਜਾਬ ਅਤੇ ਚੰਡੀਗੜ੍ਹ ਦੇ ਵੱਖੋ-ਵੱਖਰੇ ਕਾਲਜਾਂ ਦੇ ਵਿਦਿਆਰਥੀਆਂ ਦੀਆਂ 8 ਟੀਮਾਂ ਨੇ ਭਾਗ ਲਿਆ ਸੀ ਜਿਸ ਵਿੱਚੋਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਵਿਦਿਆਰਥੀ ਸੁਖਵਿੰਦਰ ਕੌਰ (ਐਮ.ਏ ਰਾਜਨੀਤੀ ਸ਼ਾਸਤਰ ਭਾਗ ਪਹਿਲਾ), ਦਲਜੀਤ ਕੌਰ (ਬੀ.ਏ ਭਾਗ ਦੂਜਾ), ਅਤੇ ਕਰਨਵੀਰ ਸਿੰਘ (ਬੀ.ਏ ਭਾਗ ਦੂਜਾ) ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਮਾਣ ਵਧਾਇਆ ਹੈ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਨੂੰ ਤਿਆਰੀ ਕਰਵਾਉਣ ਵਾਲੇ ਅਧਿਆਪਕ ਸਾਹਿਬਾਨ (ਡਾ.ਗੁਰਪ੍ਰੀਤ ਕੌਰ ਪੰਜਾਬੀ ਵਿਭਾਗ, ਪ੍ਰੋ.ਹਰਪ੍ਰੀਤ ਕੌਰ ਪੰਜਾਬੀ ਵਿਭਾਗ ਅਤੇ ਡਾ.ਹਰਸਿਮਰਤ ਕੌਰ) ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਵਿਦਿਆਰਥੀਆਂ ਵੱਲੋਂ ਹਾਸਿਲ ਕੀਤੀ ਗਈ ਇਸ ਬਾਕਮਾਲ ਪ੍ਰਾਪਤੀ ਨੇ ਕਾਲਜ ਦਾ ਮਾਣ ਵਧਾਇਆ ਹੈ। ਉਨ੍ਹਾਂ ਕਿਹਾ ਕਿ ਕਾਲਜ ਵੱਲੋਂ

ਹਮੇਸ਼ਾ ਹੀ ਆਪਣੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ, ਸਾਹਿਤਕ, ਧਾਰਮਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ ਤਾਂ ਜੋ ਉਹਨਾਂ ਦੀ ਬੌਧਿਕ ਕਾਬਲੀਅਤ ਨੂੰ ਜਾਂਚ ਕੇ ਉਨ੍ਹਾਂ ਅੰਦਰਲੇ ਹੁਨਰ ਅਤੇ ਕਲਾ ਨੂੰ ਬਾਹਰ ਕੱਢਿਆ ਜਾ ਸਕੇ ਇਸ ਲਈ ਕਾਲਜ ਵੱਲੋਂ ਅਕਸਰ ਹੀ ਕੁਇਜ ਮੁਕਾਬਲੇ ਕਰਵਾਏ ਜਾਂਦੇ ਹਨ ਜਿਨ੍ਹਾਂ ਸਦਕਾ ਵਿਦਿਆਰਥੀ ਅੱਗੇ ਜਾ ਕੇ ਵੱਡੇ ਪੱਧਰ 'ਤੇ ਮੁਕਾਬਲਿਆਂ ਵਿੱਚ ਭਾਗ ਲੈਣ ਦੇ ਯੋਗ ਬਣਦੇ ਹਨ। 'ਪੰਜਾਬੀ ਸੱਭਿਆਚਾਰਕ ਕੁਇਜ' ਵਿੱਚ ਚੰਗਾ ਪ੍ਰਦਰਸ਼ਨ ਕਰਕੇ ਪਹਿਲਾ ਸਥਾਨ ਪ੍ਰਾਪਤ ਕਰਨ ਲਈ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੀ ਜੇਤੂ ਟੀਮ ਨੂੰ ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਵੱਲੋਂ 10 ਹਜਾਰ ਨਕਦੀ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਕਾਲਜ ਪਹੁੰਚਣ ਉਪਰੰਤ ਕਾਲਜ ਪ੍ਰਿੰਸੀਪਲ ਸਾਹਿਬ ਨੇ ਜੇਤੂ ਵਿਦਿਆਰਥੀਆਂ ਨੂੰ ਕਿਤਾਬਾਂ ਦੇ ਕੇ ਸਨਮਾਨਿਤ ਕੀਤਾ ਤਾਂ ਜੋ ਅੱਗੋਂ ਵੀ ਉਹ ਅਜਿਹੀਆਂ ਮਾਣਮੱਤੀਆਂ ਹਾਸਿਲ ਕਰਦੇ ਰਹਿਣ ਅਤੇ ਹੋਰਨਾਂ ਵਿਦਿਆਰਥੀਆਂ ਲਈ ਪ੍ਰੇਰਣਾ ਸ੍ਰੋਤ ਬਣਨ।

ਖਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਪੰਜਾਬ ਕਲਾ ਪਰਿਸ਼ਦ ਵੱਲੋਂ ਕਰਵਾਏ ਗਏ 'ਪੰਜਾਬੀ ਸੱਭਿਆਚਾਰਕ ਕੁਇਜ਼' ਵਿੱਚ ਹਾਸਿਲ ਕੀਤਾ ਪਹਿਲਾ ਸਥਾਨ

ਆਗਾਜ਼ ਜਾਗਰਣ/ਥਾਨਾ

ਸ੍ਰੀ ਅਨੰਦਪੁਰ ਸਾਹਿਬ, 8 ਫਰਵਰੀ : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਖੁਦਮੁਖਤਿਆਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀਆਂ ਨੇ ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਵੱਲੋਂ ਕਰਵਾਏ ਗਏ 'ਪੰਜਾਬੀ ਸੱਭਿਆਚਾਰਕ ਕੁਇਜ' ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਕਾਲਜ ਦੀ ਸ਼ਾਨ ਵਿੱਚ ਵਾਧਾ ਕੀਤਾ ਹੈ ਜਿਕਰਯੋਗ ਹੈ ਕਿ ਇਸ ਕੁਇਜ ਮੁਕਾਬਲੇ ਵਿੱਚ ਪੰਜਾਬ ਅਤੇ ਚੰਡੀਗੜ੍ਹ ਦੇ ਵੱਖੋ-ਵੱਖਰੇ ਕਾਲਜਾਂ ਦੇ ਵਿਦਿਆਰਥੀਆਂ ਦੀਆਂ 8 ਟੀਮਾਂ ਨੇ ਭਾਗ ਲਿਆ ਸੀ ਜਿਸ ਵਿੱਚੋਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਵਿਦਿਆਰਥੀ ਸੁਖਵਿੰਦਰ ਕੌਰ (ਐਮ.ਏ ਰਾਜਨੀਤੀ ਸ਼ਾਸਤਰ ਭਾਗ ਪਹਿਲਾ), ਦਲਜੀਤ ਕੌਰ (ਬੀ.ਏ ਭਾਗ ਦੂਜਾ), ਅਤੇ ਕਰਨਵੀਰ ਸਿੰਘ (ਬੀ.ਏ ਭਾਗ ਦੂਜਾ) ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਮਾਣ ਵਧਾਇਆ ਹੈ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਨੂੰ ਤਿਆਰੀ ਕਰਵਾਉਣ ਵਾਲੇ ਅਧਿਆਪਕ ਸਾਹਿਬਾਨ (ਡਾ.ਗੁਰਪ੍ਰੀਤ ਕੌਰ ਪੰਜਾਬੀ ਵਿਭਾਗ, ਪ੍ਰੋ.ਹਰਪ੍ਰੀਤ ਕੌਰ ਪੰਜਾਬੀ ਵਿਭਾਗ ਅਤੇ ਡਾ.ਹਰਸਿਮਰਤ ਕੌਰ) ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਵਿਦਿਆਰਥੀਆਂ ਵੱਲੋਂ ਹਾਸਿਲ ਕੀਤੀ ਗਈ ਇਸ ਬਾਕਮਾਲ ਪ੍ਰਾਪਤੀ ਨੇ ਕਾਲਜ ਦਾ ਮਾਣ ਵਧਾਇਆ ਹੈ। ਉਨ੍ਹਾਂ ਕਿਹਾ ਕਿ ਕਾਲਜ ਵੱਲੋਂ ਹਮੇਸ਼ਾ ਹੀ ਆਪਣੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ, ਸਾਹਿਤਕ, ਧਾਰਮਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ ਤਾਂ ਜੋ ਉਹਨਾਂ ਦੀ ਬੌਧਿਕ ਕਾਬਲੀਅਤ ਨੂੰ ਜਾਂਚ ਕੇ ਉਨ੍ਹਾਂ ਅੰਦਰਲੇ ਹੁਨਰ ਅਤੇ ਕਲਾ ਨੂੰ ਬਾਹਰ ਕੱਢਿਆ ਜਾ ਸਕੇ ਇਸ ਲਈ ਕਾਲਜ ਵੱਲੋਂ ਅਕਸਰ ਹੀ ਕੁਇਜ ਮੁਕਾਬਲੇ ਕਰਵਾਏ ਜਾਂਦੇ ਹਨ ਜਿਨ੍ਹਾਂ ਸਦਕਾ ਵਿਦਿਆਰਥੀ ਅੱਗੇ ਜਾ ਕੇ ਵੱਡੇ ਪੱਧਰ 'ਤੇ ਮੁਕਾਬਲਿਆਂ ਵਿੱਚ ਭਾਗ ਲੈਣ ਦੇ ਯੋਗ ਬਣਦੇ ਹਨ। 'ਪੰਜਾਬੀ ਸੱਭਿਆਚਾਰਕ ਕੁਇਜ' ਵਿੱਚ ਚੰਗਾ ਪ੍ਰਦਰਸ਼ਨ ਕਰਕੇ ਪਹਿਲਾ ਸਥਾਨ ਪ੍ਰਾਪਤ ਕਰਨ ਲਈ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੀ ਜੇਤੂ ਟੀਮ ਨੂੰ ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਵੱਲੋਂ 10 ਹਜਾਰ ਨਕਦੀ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਕਾਲਜ ਪਹੁੰਚਣ ਉਪਰੰਤ ਕਾਲਜ ਪ੍ਰਿੰਸੀਪਲ ਸਾਹਿਬ ਨੇ ਜੇਤੂ ਵਿਦਿਆਰਥੀਆਂ ਨੂੰ ਕਿਤਾਬਾਂ ਦੇ ਕੇ ਸਨਮਾਨਿਤ ਕੀਤਾ ਤਾਂ ਜੋ ਅੱਗੋਂ ਵੀ ਉਹ ਅਜਿਹੀਆਂ ਮਾਣਮੱਤੀਆਂ ਹਾਸਿਲ ਕਰਦੇ ਰਹਿਣ ਅਤੇ ਹੋਰਨਾਂ ਵਿਦਿਆਰਥੀਆਂ ਲਈ ਪ੍ਰੇਰਣਾ ਸ੍ਰੋਤ ਬਣਨ।

ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ 'ਪੰਜਾਬੀ ਸੱਭਿਆਚਾਰਕ ਕੁਇੱਜ਼' 'ਚ ਹਾਸਲ ਕੀਤਾ ਪਹਿਲਾ ਸਥਾਨ

'ਪੰਜਾਬੀ ਸੱਭਿਆਚਾਰ ਕੁਇੱਜ' ਮੁਕਾਬਲਿਆਂ ਵਿਚ ਪਹਿਲੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਨਾਲ ਪ੍ਰਿੰਸੀਪਲ ਡਾ. ਜਸਵੀਰ ਸਿੰਘ। (ਦਲਜੀਤ)

ਸ੍ਰੀ ਅਨੰਦਪੁਰ ਸਾਹਿਬ, 8 ਫਰਵਰੀ (ਦਲਜੀਤ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਪੰਜਾਬ ਕਲਾ ਪ੍ਰੀਸ਼ਦ, ਚੰਡੀਗੜ੍ਹ ਵੱਲੋਂ ਕਰਵਾਏ 'ਪੰਜਾਬੀ ਸੱਭਿਆਚਾਰਕ ਕੁਇੱਜ' ਵਿਚ ਪਹਿਲਾ ਸਥਾਨ ਪ੍ਰਾਪਤ ਕਰ ਕੇ ਕਾਲਜ ਦੀ ਸ਼ਾਨ ਵਿਚ ਵਾਧਾ ਕੀਤਾ ਹੈ। ਜ਼ਿਕਰਯੋਗ ਹੈ ਕਿ ਇਸ ਕੁਇੱਜ ਮੁਕਾਬਲੇ ਵਿਚ ਪੰਜਾਬ ਅਤੇ ਚੰਡੀਗੜ੍ਹ ਦੇ ਵੱਖੋ-ਵੱਖਰੇ ਕਾਲਜਾਂ ਦੇ ਵਿਦਿਆਰਥੀਆਂ ਦੀਆਂ 8 ਟੀਮਾਂ ਨੇ ਭਾਗ ਲਿਆ ਸੀ, ਜਿਸ ਵਿਚੋਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਵਿਦਿਆਰਥੀ ਸੁਖਵਿੰਦਰ ਕੌਰ (ਐਮ. ਏ. ਰਾਜਨੀਤੀ ਸ਼ਾਸਤਰ ਭਾਗ ਪਹਿਲਾ), ਦਲਜੀਤ ਕੌਰ (ਬੀ. ਏ. ਭਾਗ ਦੂਜਾ), ਅਤੇ ਕਰਨਵੀਰ ਸਿੰਘ (ਬੀ. ਏ. ਭਾਗ ਦੂਜਾ) ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕਰ ਕੇ ਕਾਲਜ ਦਾ ਮਾਣ ਵਧਾਇਆ ਹੈ।

ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਨੂੰ ਤਿਆਰੀ ਕਰਵਾਉਣ ਵਾਲੇ ਅਧਿਆਪਕਾਂ (ਡਾ. ਗੁਰਪ੍ਰੀਤ ਕੌਰ ਪੰਜਾਬੀ ਵਿਭਾਗ, ਪ੍ਰੋ. ਹਰਪ੍ਰੀਤ ਕੌਰ ਪੰਜਾਬੀ ਵਿਭਾਗ ਅਤੇ ਡਾ. ਹਰਸਿਮਰਤ ਕੌਰ) ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਵਿਦਿਆਰਥੀਆਂ ਵੱਲੋਂ ਹਾਸਲ ਕੀਤੀ ਇਸ ਬਾਕਮਾਲ ਪ੍ਰਾਪਤੀ ਨੇ ਕਾਲਜ ਦਾ ਮਾਣ ਵਧਾਇਆ ਹੈ। ਉਨ੍ਹਾਂ ਕਿਹਾ ਕਿ ਕਾਲਜ ਵੱਲੋਂ ਹਮੇਸ਼ਾ ਹੀ ਆਪਣੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ, ਸਾਹਿਤਕ, ਧਾਰਮਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਵਿਚ ਭਾਗ ਲੈਣ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ ਤਾਂ ਜੋ ਉਨ੍ਹਾਂ ਦੀ ਬੌਧਿਕ ਕਾਬਲੀਅਤ ਨੂੰ ਜਾਂਚ ਕੇ ਉਨ੍ਹਾਂ ਅੰਦਰਲੇ ਹੁਨਰ ਅਤੇ ਕਲਾ ਨੂੰ ਬਾਹਰ ਕੱਢਿਆ ਜਾ ਸਕੇ। ਇਸ ਲਈ ਕਾਲਜ ਵੱਲੋਂ ਅਕਸਰ ਹੀ ਕੁਇੱਜ ਮੁਕਾਬਲੇ ਕਰਵਾਏ ਜਾਂਦੇ ਹਨ, ਜਿਨ੍ਹਾਂ ਸਦਕਾ ਵਿਦਿਆਰਥੀ ਅੱਗੇ ਜਾ ਕੇ ਵੱਡੇ ਪੱਧਰ 'ਤੇ ਮੁਕਾਬਲਿਆਂ 'ਚ ਭਾਗ ਲੈਣ ਦੇ ਯੋਗ ਬਣਦੇ ਹਨ। 'ਪੰਜਾਬੀ ਸੱਭਿਆਚਾਰਕ ਕੁਇੱਜ' ਵਿਚ ਚੰਗਾ ਪ੍ਰਦਰਸ਼ਨ ਕਰ ਕੇ ਪਹਿਲਾ ਸਥਾਨ ਪ੍ਰਾਪਤ ਕਰਨ ਲਈ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੀ ਜੇਤੂ ਟੀਮ ਨੂੰ ਪੰਜਾਬ ਕਲਾ ਪ੍ਰੀਸ਼ਦ, ਚੰਡੀਗੜ੍ਹ ਵੱਲੋਂ 10 ਹਜ਼ਾਰ ਨਕਦੀ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਕਾਲਜ ਪਹੁੰਚਣ ਉਪਰੰਤ ਕਾਲਜ ਪ੍ਰਿੰਸੀਪਲ ਸਾਹਿਬ ਨੇ ਜੇਤੂ ਵਿਦਿਆਰਥੀਆਂ ਨੂੰ ਕਿਤਾਬਾਂ ਦੇ ਕੇ ਸਨਮਾਨਿਤ ਕੀਤਾ ਤਾਂ ਜੋ ਅੱਗੋਂ ਵੀ ਉਹ ਅਜਿਹੀਆਂ ਮਾਣਮੱਤੀਆਂ ਪ੍ਰਾਪਤੀਆਂ ਹਾਸਲ ਕਰਦੇ ਰਹਿਣ ਅਤੇ ਹੋਰਨਾਂ ਵਿਦਿਆਰਥੀਆਂ ਲਈ ਪ੍ਰੇਰਣਾ ਸਰੋਤ ਬਣਨ।

ਪੰਜਾਬ ਟਾਈਮਜ਼
Leading Punjabi daily newspaper

ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਪੰਜਾਬ ਕਲਾ ਪਰਿਸ਼ਦ ਵੱਲੋਂ ਕਰਵਾਏ 'ਪੰਜਾਬੀ ਸੱਭਿਆਚਾਰਕ ਕੁਇਜ਼' ਵਿੱਚ ਹਾਸਿਲ ਕੀਤਾ ਪਹਿਲਾ ਸਥਾਨ

ਪੰਜਾਬ ਟਾਈਮਜ਼ | ਵਿਸ਼ੇਸ਼

ਸ੍ਰੀ ਅਨੰਦਪੁਰ ਸਾਹਿਬ, 8 ਫਰਵਰੀ (ਦਵਿੰਦਰਪਾਲ ਸਿੰਘ, ਅੰਕੁਸ਼)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਖ਼ੁਦਮੁਖਤਿਆਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀਆਂ ਨੇ ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਵੱਲੋਂ ਕਰਵਾਏ ਗਏ 'ਪੰਜਾਬੀ ਸੱਭਿਆਚਾਰਕ ਕੁਇਜ' ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਕਾਲਜ ਦੀ ਸ਼ਾਨ ਵਿੱਚ ਵਾਧਾ ਕੀਤਾ ਹੈ। ਜ਼ਿਕਰਯੋਗ ਹੈ ਕਿ ਇਸ ਕੁਇਜ ਮੁਕਾਬਲੇ ਵਿੱਚ ਪੰਜਾਬ ਅਤੇ ਚੰਡੀਗੜ੍ਹ ਦੇ ਵੱਖੋ-ਵੱਖਰੇ ਕਾਲਜਾਂ ਦੇ ਵਿਦਿਆਰਥੀਆਂ ਦੀਆਂ 8 ਟੀਮਾਂ ਨੇ ਭਾਗ ਲਿਆ ਸੀ ਜਿਸ ਵਿੱਚੋਂ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਵਿਦਿਆਰਥੀ ਸੁਖਵਿੰਦਰ ਕੌਰ (ਐਮ.ਏ ਰਾਜਨੀਤੀ ਸ਼ਾਸਤਰ ਭਾਗ ਪਹਿਲਾ), ਦਲਜੀਤ ਕੌਰ (ਬੀ.ਏ ਭਾਗ ਦੂਜਾ), ਅਤੇ ਕਰਨਵੀਰ ਸਿੰਘ (ਬੀ.ਏ ਭਾਗ ਦੂਜਾ) ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਮਾਣ ਵਧਾਇਆ ਹੈ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਨੂੰ ਤਿਆਰੀ ਕਰਵਾਉਣ ਵਾਲੇ ਅਧਿਆਪਕ ਸਾਹਿਬਾਨ (ਡਾ.ਗੁਰਪ੍ਰੀਤ ਕੌਰ ਪੰਜਾਬੀ ਵਿਭਾਗ, ਪ੍ਰੋ.ਹਰਪ੍ਰੀਤ ਕੌਰ ਪੰਜਾਬੀ ਵਿਭਾਗ ਅਤੇ ਡਾ.ਹਰਸਿਮਰਤ ਕੌਰ) ਨੂੰ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਵਿਦਿਆਰਥੀਆਂ ਵੱਲੋਂ ਹਾਸਿਲ ਕੀਤੀ ਗਈ ਇਸ ਬਾਕਮਾਲ ਪ੍ਰਾਪਤੀ ਨੇ ਕਾਲਜ ਦਾ ਮਾਣ ਵਧਾਇਆ ਹੈ।'ਪੰਜਾਬੀ ਸੱਭਿਆਚਾਰਕ ਕੁਇਜ' ਵਿੱਚ ਚੰਗਾ ਪ੍ਰਦਰਸ਼ਨ ਕਰਕੇ ਪਹਿਲਾ ਸਥਾਨ ਪ੍ਰਾਪਤ ਕਰਨ ਲਈ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੀ ਜੇਤੂ ਟੀਮ ਨੂੰ ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਵੱਲੋਂ 10 ਹਜ਼ਾਰ ਨਕਦੀ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਕਾਲਜ ਪਹੁੰਚਣ ਉਪਰੰਤ ਕਾਲਜ ਪ੍ਰਿੰਸੀਪਲ ਸਾਹਿਬ ਨੇ ਜੇਤੂ ਵਿਦਿਆਰਥੀਆਂ ਨੂੰ ਕਿਤਾਬਾਂ ਦੇ ਕੇ ਸਨਮਾਨਿਤ ਕੀਤਾ ਤਾਂ ਜੋ ਅੱਗੋਂ ਵੀ ਉਹ ਅਜਿਹੀਆਂ ਮਾਣਮੱਤੀਆਂ ਹਾਸਿਲ ਕਰਦੇ ਰਹਿਣ ਅਤੇ ਹੋਰਨਾਂ ਵਿਦਿਆਰਥੀਆਂ ਲਈ ਪ੍ਰੇਰਣਾ ਸ੍ਰੋਤ ਬਣਨ।

Main Edition
Feb 5, 2023 Page No. 12
Powered by : eReleGo.com

Created with Mi Notes